ਰਾਗੁ ਆਸਾ ਮਹਲਾ ੧ ਛੰਤ ਘਰੁ ੨ ੴ ਸਤਿਗੁਰ ਪ੍ਰਸਾਦਿ ॥ ਤੂੰ ਸਭਨੀ ਥਾਈ ਜਿਥੈ ਹਉ ਜਾਈ ਸਾਚਾ ਸਿਰਜਣਹਾਰੁ ਜੀਉ ॥ ਸਭਨਾ ਕਾ ਦਾਤਾ ਕਰਮ ਬਿਧਾਤਾ ਦੂਖ ਬਿਸਾਰਣਹਾਰੁ ਜੀਉ ॥ ਦੂਖ ਬਿਸਾਰਣਹਾਰੁ ਸੁਆਮੀ ਕੀਤਾ ਜਾ ਕਾ ਹੋਵੈ ॥ ਕੋਟ ਕੋਟੰਤਰ ਪਾਪਾ ਕੇਰੇ ਏਕ ਘੜੀ ਮਹਿ ਖੋਵੈ ॥ ਹੰਸ ਸਿ ਹੰਸਾ ਬਗ ਸਿ ਬਗਾ ਘਟ ਘਟ ਕਰੇ ਬੀਚਾਰੁ ਜੀਉ ॥ ਤੂੰ ਸਭਨੀ ਥਾਈ ਜਿਥੈ ਹਉ ਜਾਈ ਸਾਚਾ ਸਿਰਜਣਹਾਰੁ ਜੀਉ ॥੧॥ ਜਿਨ੍ਹ੍ਹ ਇਕ ਮਨਿ ਧਿਆਇਆ ਤਿਨ੍ਹ੍ਹ ਸੁਖੁ ਪਾਇਆ ਤੇ ਵਿਰਲੇ ਸੰਸਾਰਿ ਜੀਉ ॥ ਤਿਨ ਜਮੁ ਨੇੜਿ ਨ ਆਵੈ ਗੁਰ ਸਬਦੁ ਕਮਾਵੈ ਕਬਹੁ ਨ ਆਵਹਿ ਹਾਰਿ ਜੀਉ ॥ ਤੇ ਕਬਹੁ ਨ ਹਾਰਹਿ ਹਰਿ ਹਰਿ ਗੁਣ ਸਾਰਹਿ ਤਿਨ੍ਹ੍ਹ ਜਮੁ ਨੇੜਿ ਨ ਆਵੈ ॥ ਜੰਮਣੁ ਮਰਣੁ ਤਿਨ੍ਹ੍ਹਾ ਕਾ ਚੂਕਾ ਜੋ ਹਰਿ ਲਾਗੇ ਪਾਵੈ ॥ ਗੁਰਮਤਿ ਹਰਿ ਰਸੁ ਹਰਿ ਫਲੁ ਪਾਇਆ ਹਰਿ ਹਰਿ ਨਾਮੁ ਉਰ ਧਾਰਿ ਜੀਉ ॥ ਜਿਨ੍ਹ੍ਹ ਇਕ ਮਨਿ ਧਿਆਇਆ ਤਿਨ੍ਹ੍ਹ ਸੁਖੁ ਪਾਇਆ ਤੇ ਵਿਰਲੇ ਸੰਸਾਰਿ ਜੀਉ ॥੨॥ {ਪੰਨਾ 438}

ਪਦਅਰਥ:- ਹਉ ਜਾਈ—ਮੈਂ ਜਾਂਦਾ ਹਾਂ। ਸਾਚਾ—ਸਦਾ-ਥਿਰ ਰਹਿਣ ਵਾਲਾ। ਕਰਮ ਬਿਧਾਤਾ—ਜੀਵਾਂ ਦੇ ਕਰਮਾਂ ਅਨੁਸਾਰ ਪੈਦਾ ਕਰਨ ਵਾਲਾ। ਬਿਸਾਰਣਹਾਰੁ—ਨਾਸ ਕਰਨ ਦੇ ਸਮਰੱਥ। ਜਾ ਕਾ—ਜਿਸ ਪ੍ਰਭੂ ਕਾ। ਕੋਟ—ਕਿਲ੍ਹੇ। ਕੋਟ..ਕੇਰੇ—ਪਾਪਾਂ ਦੇ ਕਿਲ੍ਹਿਆਂ ਦੇ ਕਿਲ੍ਹੇ, ਪਾਪਾਂ ਦੇ ਢੇਰਾਂ ਦੇ ਢੇਰ। ਖੋਵੈ—ਨਾਸ ਕਰਦਾ ਹੈ। ਹੰਸ ਸਿ ਹੰਸਾ—ਸ੍ਰੇਸ਼ਟ ਤੋਂ ਸ੍ਰੇਸ਼ਟ। ਬਗ ਸਿ ਬਗਾ—ਨਿਖਿੱਧ ਤੋਂ ਨਿਖਿੱਧ। ਘਟ ਘਟ—ਹਰੇਕ ਸਰੀਰ ਦਾ।1।

ਇਕ ਮਨਿ—ਇਕ ਮਨ ਨਾਲ, ਇਕਾਗਰ ਹੋ ਕੇ। ਸੰਸਾਰਿ—ਸੰਸਾਰ ਵਿਚ।

ਹਾਰਿ—ਹਾਰ ਕੇ। ਸਾਰਹਿ—ਸੰਭਾਲਦੇ ਹਨ। ਚੂਕਾ—ਮੁੱਕ ਜਾਂਦਾ ਹੈ। ਪਾਵੈ—ਚਰਨੀਂ। ਉਰਧਾਰਿ—ਹਿਰਦੇ ਵਿਚ ਟਿਕਾ ਕੇ।2।

ਅਰਥ:- ਹੇ ਪ੍ਰਭੂ! ਮੈਂ ਜਿੱਥੇ ਭੀ ਜਾਂਦਾ ਹਾਂ ਤੂੰ ਸਭ ਥਾਂਈਂ ਮੌਜੂਦ ਹੈਂ, ਤੂੰ ਸਦਾ-ਥਿਰ ਰਹਿਣ ਵਾਲਾ ਹੈਂ, ਤੂੰ ਸਾਰੇ ਜਗਤ ਨੂੰ ਪੈਦਾ ਕਰਨ ਵਾਲਾ ਹੈਂ। ਤੂੰ ਜੀਵਾਂ ਦੇ ਕੀਤੇ ਕਰਮਾਂ ਅਨੁਸਾਰ ਪੈਦਾ ਕਰਨ ਵਾਲਾ ਹੈਂ ਤੇ ਸਭ ਦੁੱਖਾਂ ਦਾ ਨਾਸ ਕਰਨ ਵਾਲਾ ਹੈਂ।

ਜਿਸ ਪ੍ਰਭੂ ਦਾ ਕੀਤਾ ਹੀ ਸਭ ਕੁਝ ਹੁੰਦਾ ਹੈ ਉਹ ਸਭ ਦਾ ਮਾਲਕ ਹੈ ਉਹ ਸਭ ਦੇ ਦੁੱਖ ਨਾਸ ਕਰਨ ਦੇ ਸਮਰੱਥ ਹੈ। ਜੀਵਾਂ ਦੇ ਪਾਪਾਂ ਦੇ ਢੇਰਾਂ ਦੇ ਢੇਰ ਇਕ ਪਲਕ ਵਿਚ ਨਾਸ ਕਰ ਦੇਂਦਾ ਹੈ। ਜੀਵ ਭਾਵੇਂ ਸ੍ਰੇਸ਼ਟ ਤੋਂ ਸ੍ਰੇਸ਼ਟ ਹੋਣ ਭਾਵੇਂ ਨਿਖਿੱਧ ਤੋਂ ਨਿਖਿੱਧ ਹੋਣ, ਪ੍ਰਭੂ ਹਰੇਕ ਦੀ ਸੰਭਾਲ ਕਰਦਾ ਹੈ।

ਹੇ ਪ੍ਰਭੂ! ਮੈਂ ਜਿਥੇ ਭੀ ਜਾਂਦਾ ਹਾਂ, ਤੂੰ ਹਰ ਥਾਂ ਮੌਜੂਦ ਹੈਂ ਤੂੰ ਸਦਾ-ਥਿਰ ਰਹਿਣ ਵਾਲਾ ਹੈਂ, ਤੂੰ ਸਭ ਦਾ ਪੈਦਾ ਕਰਨ ਵਾਲਾ ਹੈਂ।1।

ਜਿਨ੍ਹਾਂ ਮਨੁੱਖਾਂ ਨੇ ਇਕਾਗਰ ਹੋ ਕੇ ਪ੍ਰਭੂ ਨੂੰ ਸਿਮਰਿਆ ਹੈ ਉਹਨਾਂ ਨੇ ਆਤਮਕ ਆਨੰਦ ਮਾਣਿਆ ਹੈ, ਪਰ ਅਜੇਹੇ ਬੰਦੇ ਸੰਸਾਰ ਵਿਚ ਵਿਰਲੇ ਵਿਰਲੇ ਹਨ। ਜੇਹੜਾ ਜੇਹੜਾ ਬੰਦਾ ਗੁਰੂ ਦਾ ਸ਼ਬਦ ਕਮਾਂਦਾ ਹੈ (ਭਾਵ ਗੁਰੂ ਦੇ ਸ਼ਬਦ ਅਨੁਸਾਰ ਜੀਵਨ ਬਣਾਂਦਾ ਹੈ) ਜਮ ਉਹਨਾਂ ਦੇ ਨੇੜੇ ਨਹੀਂ ਢੁਕਦਾ (ਉਹਨਾਂ ਨੂੰ ਮੌਤ ਦਾ ਡਰ ਪੋਹ ਨਹੀਂ ਸਕਦਾ) ਉਹ ਕਦੇ ਭੀ ਮਨੁੱਖਾ ਜਨਮ ਦੀ ਬਾਜ਼ੀ ਹਾਰ ਕੇ ਨਹੀਂ ਆਉਂਦੇ। ਜੇਹੜੇ ਮਨੁੱਖ ਪਰਮਾਤਮਾ ਦੇ ਗੁਣ ਹਿਰਦੇ ਵਿਚ ਵਸਾਂਦੇ ਹਨ, ਉਹ (ਵਿਕਾਰਾਂ ਦੇ ਟਾਕਰੇ ਤੇ) ਕਦੇ ਹਾਰਦੇ ਨਹੀਂ, ਆਤਮਕ ਮੌਤ ਉਹਨਾਂ ਦੇ ਨੇੜੇ ਨਹੀਂ ਢੁਕਦੀ। ਜੇਹੜੇ ਬੰਦੇ ਪਰਮਾਤਮਾ ਦੀ ਚਰਨੀਂ ਲੱਗਦੇ ਹਨ ਉਹਨਾਂ ਦਾ ਜਨਮ ਮਰਨ ਦਾ ਗੇੜ ਮੁੱਕ ਜਾਂਦਾ ਹੈ।

ਗੁਰੂ ਦੀ ਮਤਿ ਲੈ ਕੇ ਜਿਨ੍ਹਾਂ ਨੇ ਪ੍ਰਭੂ-ਨਾਮ ਦਾ ਰਸ ਚੱਖਿਆ ਹੈ, ਨਾਮ-ਫਲ ਪ੍ਰਾਪਤ ਕੀਤਾ ਹੈ, ਪ੍ਰਭੂ ਦਾ ਨਾਮ ਹਿਰਦੇ ਵਿਚ ਟਿਕਾਇਆ ਹੈ, ਇਕਾਗਰ ਹੋ ਕੇ ਪ੍ਰਭੂ ਨੂੰ ਸਿਮਰਿਆ ਹੈ ਉਹਨਾਂ ਨੇ ਆਤਮਕ ਆਨੰਦ ਮਾਣਿਆ ਹੈ। ਪਰ ਅਜੇਹੇ ਬੰਦੇ ਜਗਤ ਵਿਚ ਵਿਰਲੇ ਵਿਰਲੇ ਹੀ ਹਨ।2।